ਰਾਗੁ ਬਿਲਾਵਲੁ ਮਹਲਾ ੫ ਚਉਪਦੇ ਦੁਪਦੇ ਘਰੁ ੬ ੴ ਸਤਿਗੁਰ ਪ੍ਰਸਾਦਿ ॥ ਮੇਰੇ ਮੋਹਨ ਸ੍ਰਵਨੀ ਇਹ ਨ ਸੁਨਾਏ ॥ ਸਾਕਤ ਗੀਤ ਨਾਦ ਧੁਨਿ ਗਾਵਤ ਬੋਲਤ ਬੋਲ ਅ ਜਾਏ ॥੧॥ ਰਹਾਉ ॥ ਸੇਵਤ ਸੇਵਿ ਸੇਵਿ ਸਾਧ ਸੇਵਉ ਸਦਾ ਕਰਉ ਕਿਰਤਾਏ ॥ ਅਭੈ ਦਾਨੁ ਪਾਵਉ ਪੁਰਖ ਦਾਤੇ ਮਿਲਿ ਸੰਗਤਿ ਹਰਿ ਗੁਣ ਗਾਏ ॥੧॥ ਰਸਨਾ ਅਗਹ ਅਗਹ ਗੁਨ ਰਾਤੀ ਨੈਨ ਦਰਸ ਰੰਗੁ ਲਾਏ ॥ ਹੋਹੁ ਕ੍ਰਿਪਾਲ ਦੀਨ ਦੁਖ ਭੰਜਨ ਮੋਹਿ ਚਰਣ ਰਿਦੈ ਵਸਾਏ ॥ ੨॥ ਸਭਹੂ ਤਲੈ ਤਲੈ ਸਭ ਊਪਰਿ ਏਹ ਦ੍ਰਿਸਟਿ ਦ੍ਰਿਸਟਾਏ ॥ ਅਭਿਮਾਨੁ ਖੋਇ ਖੋਇ ਖੋਇ ਖੋਈ ਹਉ ਮੋ ਕਉ ਸਤਿਗੁਰ ਮੰਤ੍ਰੁ ਦ੍ਰਿੜਾਏ ॥ ੩॥ ਅਤੁਲੁ ਅਤੁਲੁ ਅਤੁਲੁ ਨਹ ਤੁਲੀਐ ਭਗਤਿ ਵਛਲੁ ਕਿਰਪਾਏ ॥ ਜੋ ਜੋ ਸਰਣਿ ਪਰਿਓ ਗੁਰ ਨਾਨਕ ਅਭੈ ਦਾਨੁ ਸੁਖ ਪਾਏ ॥੪॥੧॥੮੧॥ {ਪੰਨਾ 820}

ਪਦਅਰਥ:- ਮੋਹਨ—ਹੇ ਜੀਵਾਂ ਦੇ ਮਨ ਨੂੰ ਮੋਹ ਲੈਣ ਵਾਲੇ! ਹੇ ਸੋਹਣੇ! ਸ੍ਰਵਨੀ—(ਮੇਰੇ) ਕੰਨਾਂ ਵਿਚ। ਨ ਸੁਨਾਏ—ਨਾਹ ਸੁਣਾਇ। ਸਾਕਤ—ਪਰਮਾਤਮਾ ਨਾਲੋਂ ਟੁੱਟੇ ਹੋਏ ਬੰਦੇ। ਧੁਨਿ—ਸੁਰ। ਅਜਾਏ—ਅਜਾਇ, ਵਿਅਰਥ।1। ਰਹਾਉ।

ਸੇਵਿ ਸੇਵਿ—ਸਦਾ ਸੇਵਾ ਕਰ ਕੇ। ਸਾਧ ਸੇਵਉ—ਸਾਧ ਸੇਵਉਂ, ਮੈਂ ਗੁਰੂ ਦੀ ਸੇਵਾ ਕਰਦਾ ਰਹਾਂ। ਕਰਉ—ਕਰਉਂ, ਮੈਂ ਕਰਦਾ ਰਹਾਂ। ਕਿਰਤਾਏ—ਕਿਰਤ। ਅਭੈ—ਨਿਰਭੈਤਾ। ਪਾਵਉ—ਪਾਵਉਂ। ਪੁਰਖ—ਹੇ ਸਰਬ-ਵਿਆਪਕ! ਮਿਲਿ—ਮਿਲ ਕੇ। ਗਾਏ—ਗਾਇ, ਗਾ ਕੇ।1।

ਰਸਨਾ—ਜੀਭ। ਅਗਹ—ਅਪਹੁੰਚ। ਰਾਤੀ—ਰੱਤੀ ਰਹੇ। ਨੈਨ—ਅੱਖਾਂ। ਦਰਸ ਰੰਗੁ—ਦਰਸਨ ਦਾ ਆਨੰਦ। ਲਾਏ—ਲਾਇ, ਮਾਣ ਕੇ। ਦੀਨ ਦੁਖ ਭੰਜਨ—ਹੇ ਦੀਨਾਂ ਦੇ ਦੁੱਖ ਨਾਸ ਕਰਨ ਵਾਲੇ! ਮੋਹਿ ਰਿਦੈ—ਮੇਰੇ ਹਿਰਦੇ ਵਿਚ। ਵਸਾਏ—ਵਸਾਇ, ਵਸਾਈ ਰੱਖ।2।

ਤਲੈ—ਹੇਠਾਂ। ਦ੍ਰਿਸਟਿ—ਨਿਗਾਹ। ਦ੍ਰਿਸਟਾਏ—ਦ੍ਰਿਸਟਾਇ, ਵਿਖਾਲ। ਖੋਈ—ਦੂਰ ਕਰ ਕੇ। ਖੋਇ ਖੋਇ ਖੋਈ ਹਉ—ਮੈਂ ਬਿਲਕੁਲ ਦੂਰ ਕਰ ਦਿਆਂ। ਮੋ ਕਉ—ਮੈਨੂੰ। ਮੰਤ੍ਰੁ—ਉਪਦੇਸ਼। ਦ੍ਰਿੜਾਏ—ਦ੍ਰਿੜਾਇ, ਪੱਕਾ ਕਰ।3।

ਭਗਤਿ ਵਛਲੁ—ਭਗਤੀ ਨਾਲ ਪਿਆਰ ਕਰਨ ਵਾਲਾ। ਸਰਣਿ ਗੁਰ—ਗੁਰੂ ਦੀ ਸਰਨ। ਪਾਏ—ਪਾਂਦਾ ਹੈ।4।

ਅਰਥ:- ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ (ਜੇਹੜੇ ਗੰਦੇ) ਗੀਤਾਂ ਨਾਦਾਂ ਧੁਨੀਆਂ ਦੇ ਬੋਲ ਬੋਲਦੇ ਹਨ ਅਤੇ ਗਾਂਦੇ ਹਨ ਉਹ (ਆਤਮਕ ਜੀਵਨ ਵਾਸਤੇ) ਵਿਅਰਥ ਹਨ। ਹੇ ਮੇਰੇ ਮੋਹਨ! ਇਹੋ ਜਿਹੇ ਬੋਲ ਮੇਰੀ ਕੰਨੀਂ ਨਾਹ ਪੈਣ।1। ਰਹਾਉ।

ਹੇ ਸਰਬ-ਵਿਆਪਕ ਦਾਤਾਰ! ਹੇ ਹਰੀ! (ਮੇਹਰ ਕਰ) ਗੁਰੂ ਦੀ ਸੰਗਤਿ ਵਿਚ ਮਿਲ ਕੇ, ਤੇਰੇ ਗੁਣ ਗਾ ਕੇ ਮੈਂ (ਤੇਰੇ ਦਰ ਤੋਂ) ਨਿਰਭੈਤਾ ਦੀ ਦਾਤਿ ਪ੍ਰਾਪਤ ਕਰਾਂ। ਮੈਂ ਸਦਾ ਹੀ ਹਰ ਵੇਲੇ ਗੁਰੂ ਦੀ ਸਰਨ ਪਿਆ ਰਹਾਂ, ਮੈਂ ਸਦਾ ਇਹੀ ਕਾਰ ਕਰਦਾ ਰਹਾਂ।1।

ਹੇ ਦੀਨਾਂ ਦੇ ਦੁੱਖ ਦੂਰ ਕਰਨ ਵਾਲੇ! (ਮੇਰੇ ਉਤੇ) ਦਇਆਵਾਨ ਹੋ, ਆਪਣੇ ਚਰਨ ਮੇਰੇ ਹਿਰਦੇ ਵਿਚ ਵਸਾਈ ਰੱਖ, ਮੇਰੀਆਂ ਅੱਖਾਂ ਤੇਰੇ ਦਰਸਨ ਦਾ ਆਨੰਦ ਮਾਣ ਮਾਣ ਕੇ ਮੇਰੀ ਜੀਭ ਤੈਂ ਅਪਹੁੰਚ ਦੇ ਗੁਣਾਂ ਵਿਚ ਰੱਤੀ ਰਹੇ।2।

ਹੇ ਮੋਹਨ! ਮੇਰੀ ਨਿਗਾਹ ਵਿਚ ਇਹੋ ਜਿਹੀ ਜੋਤਿ ਪੈਦਾ ਕਰ ਕਿ ਮੈਂ ਆਪਣੇ ਆਪ ਨੂੰ ਸਭ ਨਾਲੋਂ ਨੀਵਾਂ ਸਮਝਾਂ ਅਤੇ ਸਭ ਨੂੰ ਆਪਣੇ ਨਾਲੋਂ ਉੱਚਾ ਜਾਣਾਂ। ਹੇ ਮੋਹਨ! ਮੇਰੇ ਹਿਰਦੇ ਵਿਚ ਗੁਰੂ ਦਾ ਉਪਦੇਸ਼ ਪੱਕਾ ਕਰ ਦੇ, ਤਾ ਕਿ ਮੈਂ ਸਦਾ ਲਈ ਆਪਣੇ ਅੰਦਰੋਂ ਅਹੰਕਾਰ ਦੂਰ ਕਰ ਦਿਆਂ।3।

ਹੇ ਮੋਹਨ! ਤੂੰ ਅਤੁੱਲ ਹੈਂ, ਤੂੰ ਅਤੁੱਲ ਹੈਂ, ਤੂੰ ਅਤੁੱਲ ਹੈਂ, (ਤੇਰੇ ਵਡੱਪਣ ਨੂੰ) ਤੋਲਿਆ ਨਹੀਂ ਜਾ ਸਕਦਾ, ਤੂੰ ਭਗਤੀ

ਨੂੰ ਪਿਆਰ ਕਰਨ ਵਾਲਾ ਹੈਂ, ਤੂੰ ਸਭ ਉਤੇ ਕਿਰਪਾ ਕਰਦਾ ਹੈਂ। ਹੇ ਨਾਨਕ! (ਮੋਹਨ-ਪ੍ਰਭੂ ਦੀ ਕਿਰਪਾ ਨਾਲ) ਜੇਹੜਾ ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਨਿਰਭੈਤਾ ਦੀ ਦਾਤਿ ਹਾਸਲ ਕਰ ਲੈਂਦਾ ਹੈ, ਉਹ ਸਦਾ ਆਤਮਕ ਆਨੰਦ ਮਾਣਦਾ ਹੈ।4।1। 81।